# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-05-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |

- ਸਰਕਾਰ ਨੇ ਅੱਜ ਮੁੜ੍ਹ ਭਰੋਸਾ ਦਿਵਾਇਆ ਏ ਕਿ ਭਾਰਤ ਕੋਲ ਕੱਚੇ ਤੇਲ, ਪੈਟਰੋਲ, ਡੀਜ਼ਲ, ਕੁਦਰਤੀ ਗੈਸ ਅਤੇ ਐਲਪੀਜੀ ਦੀ ਕਾਫ਼ੀ ਸਪਲਾਈ ਏ.
- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਏ ਕਿ ਰੇਲਵੇ ਓਵਰਬ੍ਰਿਜ ਦੀ ਉਸਾਰੀ ਤੋਂ ਬਾਅਦ, level crossings ਨੂੰ ਬੰਦ ਕਰਨਾ ਹੁਣ ਲਾਜ਼ਮੀ ਨਹੀਂ ਏ.
- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਦੋ ਵਿਅਕਤੀਆਂ ਨੂੰ ਹੈਰੋਇਨ,ਤੇ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ।

- ਪੰਜਾਬ ਅਤੇ ਹਰਿਆਣਾ ਵਿੱਚ, 26 ਮਈ ਤੱਕ ਜ਼ਬਰਦਸਤ ਗਰਮੀ ਤੇ ਤੇਜ਼ ਹਵਾਵਾਂ ਦੇ ਕਈ ਹਿੱਸਿਆਂ ਨੂੰ ਪ੍ਰਭਾਵਿਤ ਕਰਨ ਦੀ ਸੰਭਾਵਨਾ ਏ.
- IPL ਕ੍ਰਿਕੇਟ ਵਿੱਚ,ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਖੇ ਗੁਜਰਾਤ ਟਾਈਟਨਸ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਏਗਾ।

## ਹੁਣ ਖ਼ਬਰਾਂ ਵਿਸਥਾਰ ਨਾਲ

ਸਰਕਾਰ ਨੇ ਅੱਜ ਮੁੜ੍ਹ ਭਰੋਸਾ ਦਿਵਾਇਆ ਏ ਕਿ ਭਾਰਤ ਕੋਲ ਕੱਚੇ ਤੇਲ, ਪੈਟਰੋਲ, ਡੀਜ਼ਲ, ਕੁਦਰਤੀ ਗੈਸ ਅਤੇ ਐਲਪੀਜੀ ਦੀ ਕਾਫ਼ੀ ਸਪਲਾਈ ਏ ਤੇ ਤੇਲ ਸੋਧ ਕਾਰਖਾਨੇ, ਮੰਗ ਨੂੰ ਪੂਰਾ ਕਰਨ ਲਈ ਪੂਰੀ ਸਮਰੱਥਾ ਨਾਲ ਕੰਮ ਕਰ ਰਹੇ ਨੇ. ਐਲਪੀਜੀ ਉਤਪਾਦਨ ਵਿੱਚ ਵਾਧਾ ਕੀਤਾ ਗਿਆ ਏ ਅਤੇ ਤੇਲ ਸੋਧ ਕਾਰਖਾਨਿਆਂ ਵਿੱਚ ਹਰ ਰੋਜ਼ ਕਰੀਬ 46 ਤੋਂ 47 ਹਜ਼ਾਰ ਟਨ ਐਲਪੀਜੀ ਦਾ ਉਤਪਾਦਨ ਹੁੰਦਾ ਏ। ਪੱਛਮੀ ਏਸ਼ੀਆ ਦੀ ਸਥਿਤੀ ਬਾਰੇ ਨਵੀਂ ਦਿੱਲੀ ਵਿੱਚ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਜੋਇੰਟ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਸਪਲਾਈ ਸਥਿਰ ਬਣੀ ਹੋਈ ਏ, ਅਤੇ ਸਾਰੇ ਪੈਟਰੋਲ ਪੰਪਾਂ 'ਤੇ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਕਦਮ ਚੁੱਕੇ ਜਾ ਰਹੇ ਨੇ. ਖਾਣਾ

ਪਕਾਉਣ ਲਈ LPG ਦੀ ਸਪਲਾਈ ਸਥਿਰ ਏ ਅਤੇ ਪਿਛਲੇ ਤਿੰਨ ਦਿਨਾਂ ਵਿੱਚ, ਇੱਕ ਕਰੋੜ 34 ਲੱਖ ਘਰੇਲੂ LPG ਸਿਲੰਡਰਾਂ ਦੀ ਡਿਲੀਵਰੀ ਕੀਤੀ ਗਈ ਏ ਜਦੋਂ ਕਿ ਇਸ ਮਹੀਨੇ ਦੀ ਪਹਿਲੀ ਤਰੀਕ ਤੋਂ ਵਪਾਰਕ LPG ਦੀ ਸਪਲਾਈ ਇੱਕ ਲੱਖ 32 ਹਜ਼ਾਰ ਟਨ ਰਹੀ। ਓਹਨਾਂ ਨਾਗਰਿਕਾਂ ਨੂੰ ਘਬਰਾਹਟ ਵਿੱਚ ਖਰੀਦਦਾਰੀ ਕਰਨ ਤੋਂ ਬਚਣ ਦੀ ਅਪੀਲ ਕੀਤੀ, ਤੇ ਦੱਸਿਆ ਕਿ ਈਂਧਣ ਦਾ ਕਾਫ਼ੀ ਭੰਡਾਰ ਉਪਲਬਧ ਏ ਅਤੇ ਲੋਕਾਂ ਨੂੰ ਲੋੜ ਅਨੁਸਾਰ ਹੀ ਖਰੀਦਣ ਅਤੇ ਊਰਜਾ ਬਚਾਉਣ ਦੀ ਸਲਾਹ ਦਿੱਤੀ-

byte

---------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਏ ਕਿ ਰੇਲਵੇ ਓਵਰਬ੍ਰਿਜ (ਆਰ.ਓ.ਬੀ.) ਦੀ ਉਸਾਰੀ ਤੋਂ ਬਾਅਦ, level crossings ਨੂੰ ਬੰਦ ਕਰਨਾ ਹੁਣ ਲਾਜ਼ਮੀ ਨਹੀਂ ਏ, ਬਸ਼ਰਤੇ ਇਹ ਤਕਨੀਕੀ ਤੇ ਕਾਰਜਸ਼ੀਲ ਤੌਰ 'ਤੇ ਸੰਭਵ ਹੋਵੇ। ਉਨ੍ਹਾਂ ਕਿਹਾ ਕਿ ਭਾਰਤੀ ਰੇਲਵੇ ਨੇ ਸਥਾਨਕ ਲੋਕਾਂ, ਨੇੜਲੇ ਦੁਕਾਨਦਾਰਾਂ ਅਤੇ ਛੋਟੇ ਪੱਧਰ ਦੇ ਵਪਾਰੀਆਂ ਦੀ ਰੋਜ਼ੀ-ਰੋਟੀ ਲਈ ਆਰ.ਓ.ਬੀ. ਦੀ ਉਸਾਰੀ ਤੋਂ ਬਾਅਦ ਵੀ, level crossings ਨੂੰ ਚਾਲੂ ਰੱਖਣ ਲਈ, ਲੋਕ-ਹਿੱਤ ਨੀਤੀ ਅਪਣਾਈ ਹੋਈ ਏ। ਰਵਨੀਤ ਸਿੰਘ ਕੱਲ੍ਹ ਚੰਡੀਗੜ੍ਹ ਨੇੜੇ ਬਲਟਾਣਾ 'ਚ ਸਨ, ਜਿੱਥੇ ਉਨ੍ਹਾਂ ਨੇ

ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਅੰਬਾਲਾ-ਚੰਡੀਗੜ੍ਹ ਰੇਲ ਸੈਕਸ਼ਨ 'ਤੇ ਸਥਿਤ ਲੈਵਲ ਕਰਾਸਿੰਗ, ਨੰਬਰ-123 'ਤੇ ਰੋਡ ਅੰਡਰ ਬ੍ਰਿਜ (ਆਰ.ਯੂ.ਬੀ.) ਦਾ ਨੀਂਹ-ਪੱਥਰ ਰੱਖਿਆ। ਇਸ ਮੌਕੇ ਰਾਜਪਾਲ ਕਟਾਰੀਆ ਨੇ ਕਿਹਾ ਕਿ ਭਾਰਤੀ ਰੇਲਵੇ, ਦੇਸ਼ ਵਿਚ 'ਅਨੇਕਤਾ ਵਿੱਚ ਏਕਤਾ' ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ।

---------------------------------------------------------------

ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਦੋ ਭਰਾਵਾਂ ਨੂੰ ਸਾਢੇ 5 ਕਿਲੋਗ੍ਰਾਮ ਹੈਰੋਇਨ,ਚਾਰ ਪਿਸਤੌਲਾਂ ਅਤੇ 10 ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਇਹ ਜਾਣਕਾਰੀ ਪੁਲਿਸ ਦੇ ਡਾਇਰੈਕਟਰ ਜਨਰਲ ਆਫ਼ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੌਬੀ ਸਿੰਘ ਅਤੇ ਹਰਜੀਤ ਸਿੰਘ ਦੋਵੇਂ ਵਾਸੀ ਪਿੰਡ ਰੋਖੇ, ਅਜਨਾਲਾ (ਅੰਮ੍ਰਿਤਸਰ),ਵਜੋਂ ਹੋਈ ਏ । ਨਸ਼ੀਲੇ ਪਦਾਰਥ ਤੇ ਹਥਿਆਰ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਇੱਕ ਦੁਪਹੀਆ ਵਾਹਨ ਵੀ ਜ਼ਬਤ ਕੀਤਾ ਏ. ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ

ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਦੇ ਤਸਕਰ ਦੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਨੂੰ ਹਥਿਆਰ ਤੇ ਗੋਲਾ ਸਿੱਕੇ ਦੀਆਂ ਖੇਪਾਂ ਪ੍ਰਾਪਤ ਹੋਈਆਂ ਸਨ ਜੋ, ਸੂਬੇ ਵਿੱਚ ਅੱਗੇ ਡਿਲੀਵਰ ਕੀਤੀਆਂ ਜਾਣੀਆਂ ਸਨ। ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਸ਼ੱਕੀ ਬੌਬੀ ਅਤੇ ਹਰਜੀਤ ਨੂੰ ਹਾਲ ਹੀ ਵਿੱਚ ਹਥਿਆਰ ਤੇ ਗੋਲੀ ਸਿੱਕੇ ਦੀ ਖੇਪ ਪ੍ਰਾਪਤ ਹੋਈ ਏ, ਜਿਸਨੂੰ ਉਹ ਅੱਗੇ ਪਹੁੰਚਾਉਣ ਜਾ ਰਹੇ ਨੇ. ਉਨ੍ਹਾਂ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਲਾਕੇ ਦੇ ਆਲੇ-ਦੁਆਲੇ ਨਾਕਾਬੰਦੀ ਕੀਤੀ ਅਤੇ ਪਿੰਡ ਕਾਲੇ ਘਣੂਪੁਰ ਨੇੜਲੇ ਬਾਈਪਾਸ ’ਤੇ ਦੋਵਾਂ ਨੂੰ ਹਿਰਾਸਤ ਵਿੱਚ ਲੈ ਲਿਆ। ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਦੇ ਅਗਲੇ-ਪਿਛਲੇ ਸੰਬੰਧਾਂ ਦਾ ਪਤਾ ਲਾਉਣ ਅਤੇ ਮਾਡਿਊਲ ਦੇ ਹੋਰ ਕਾਰਕੁੰਨਾਂ ਦੀ ਪਛਾਣ ਲਈ ਹੋਰ ਜਾਂਚ ਕੀਤੀ ਜਾ ਰਹੀ ਏ। ਇਸ ਸਬੰਧ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਏ.

---------------------------------------------------

ਅੰਮ੍ਰਿਤਸਰ ਦੇ ਅਨਗੜ੍ਹ ਇਲਾਕੇ ਵਿੱਚ ਇੱਕ ਘਰ ਅੰਦਰ ਹੋਏ ਭਿਆਨਕ ਧਮਾਕੇ ਅਤੇ ਅੱਗ ਲੱਗਣ ਦੇ ਹਾਦਸੇ ਦੌਰਾਨ ਦੋ ਔਰਤਾਂ ਬੁਰੀ ਤਰ੍ਹਾਂ ਝੁਲਸ ਗਈਆਂ, ਜਿਨ੍ਹਾਂ ਵਿੱਚੋਂ ਇੱਕ ਔਰਤ ਦੀ ਮੌਤ ਹੋ ਗਈ ਏ, ਜਦਕਿ

ਦੂਜੀ ਦਾ ਇਲਾਜ ਹਸਪਤਾਲ ਵਿੱਚ ਚੱਲ ਰਿਹਾ ਏ।ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸਵੇਰੇ ਕਰੀਬ 11 ਵਜ ਕੇ 45 ਮਿੰਟ 'ਤੇ ਪੁਲਿਸ ਨੂੰ ਅਨਗੜ੍ਹ ਇਲਾਕੇ ਵਿੱਚ ਸਥਿਤ ਇੱਕ ਘਰ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ ਅੱਗ ਬੁਝਾਉਣ ਵਾਲਿਆਂ ਗੱਡੀਆਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਦੌਰਾਨ ਸਾਹਮਣੇ ਆਇਆ ਕਿ ਘਰ ਦੇ ਅੰਦਰ ਨਾਜਾਇਜ਼ ਤੌਰ 'ਤੇ ਪਟਾਕੇ ਬਣਾਉਣ ਅਤੇ ਸਟੋਰ ਕਰਨ ਦਾ ਕੰਮ ਕੀਤਾ ਜਾ ਰਿਹਾ ਸੀ। ਇਨ੍ਹਾਂ ਗੈਰਕਾਨੂੰਨੀ ਪਟਾਕਿਆਂ ਕਾਰਨ ਅਚਾਨਕ ਅੱਗ ਭੜਕ ਗਈ ਅਤੇ ਜ਼ੋਰਦਾਰ ਧਮਾਕਾ ਹੋਇਆ। ਹਾਦਸੇ ਵਿੱਚ ਇੱਕ  ਔਰਤ ਦੀ ਮੌਤ ਹੋ ਗਈ, ਜਦਕਿ ਗੁਰਪ੍ਰੀਤ ਕੌਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਈ ਏ . ਓਹਨਾਂ ਕਿਹਾ ਕਿ ਪੁਲਿਸ ਵੱਲੋਂ ਸੰਬੰਧਤ ਧਾਰਾਵਾਂ ਹੇਠ ਐਫਆਈਆਰ ਦਰਜ ਕਰ ਲਈ ਗਈ ਹੈ ਅਤੇ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਅਨਗੜ੍ਹ ਇਲਾਕੇ ਵਿੱਚ ਗੈਰਕਾਨੂੰਨੀ ਤਰੀਕੇ ਨਾਲ ਪਟਾਕੇ ਬਣਾਉਣ ਜਾਂ ਸਟੋਰ ਕਰਨ ਵਾਲਿਆਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਕਿਸੇ ਨੂੰ ਵੀ ਬਖ਼ਸ਼ਿਆ ਨਹੀਂ ਜਾਏਗਾ.

---------------------------------------------------------------

ਜਲੰਧਰ ਪ੍ਰਸ਼ਾਸਨ ਵੱਲੋਂ ਫੇਫੜਿਆਂ ਦੀ ਦੇਖਭਾਲ ਬਾਰੇ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੱਲ੍ਹ 'ਸਾਂਝੀ ਹਵਾ ਤੇ ਸਿਹਤ' ਸਿਰਲੇਖ ਤਹਿਤ ਸਮਰੱਥਾ ਨਿਰਮਾਣ ਸੈਸ਼ਨ ਕਰਵਾਇਆ ਗਿਆ। ਇਹ ਖਾਸ ਸੈਸ਼ਨ ਸੰਯੁਕਤ ਰਾਸ਼ਟਰ ਚੁਗਿਰਦਾ ਪ੍ਰੋਗਰਾਮ (ਯੂ.ਐੱਨ.ਈ.ਪੀ.) ਦੇ ਸਹਿਯੋਗ ਨਾਲ ਚੱਲ ਰਹੇ ਯਤਨਾਂ ਤਹਿਤ ਕਰਵਾਇਆ ਗਿਆ ਸੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ ਨੇ ਕਿਹਾ-

Byte

ਸੈਸ਼ਨ ਦੌਰਾਨ ਹਵਾ ਪ੍ਰਦੂਸ਼ਣ ਦੇ ਸਿਹਤ 'ਤੇ ਪੈਣ ਵਾਲੇ ਅਸਰ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਜ਼ਿਲ੍ਹਾ ਮਾਲ ਅਫ਼ਸਰ, ਮੋਗਾ ਦੇ ਰੀਡਰ ਦਵਿੰਦਰ ਪਾਲ ਸਿੰਘ ਨੂੰ 20 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਏ । ਅੱਜ ਚੰਡੀਗੜ੍ਹ ਵਿਖੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਦੋਸ਼ੀ ਨੂੰ ਪਿੰਡ ਚੱਕ ਕਾਨੀਆਂ ਖੁਰਦ, ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ

ਗ੍ਰਿਫ਼ਤਾਰ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਪੁੱਤਰ ਦਾ 13 ਏਕੜ ਜ਼ਮੀਨ ਦੀ ਵੰਡ ਸਬੰਧੀ ਡੀਆਰਓ, ਮੋਗਾ ਦੀ ਅਦਾਲਤ ਵਿੱਚ ਕੇਸ ਚੱਲ ਰਿਹਾ ਸੀ। ਦੋਸ਼ੀ ਰੀਡਰ, ਦਵਿੰਦਰ ਪਾਲ ਸਿੰਘ ਨੇ ਕਥਿਤ ਤੌਰ ’ਤੇ 5 ਤੋਂ 6 ਮਹੀਨਿਆਂ ਦੇ ਅੰਦਰ ਕੇਸ ਦਾ ਜਲਦੀ ਨਿਪਟਾਰਾ ਕਰਨ ਲਈ 1 ਲਖ ਰੁਪਏ ਰਿਸ਼ਵਤ ਦੀ ਮੰਗ ਕੀਤੀ। ਉਸਨੇ ਸ਼ਿਕਾਇਤਕਰਤਾ ਨੂੰ 50 ਹਜ਼ਾਰ ਰੁਪਏ ਰਿਸ਼ਵਤ ਦੀ ਰਕਮ ਪੇਸ਼ਗੀ ਵਜੋਂ ਦੇਣ ਅਤੇ ਬਾਕੀ ਰਿਸ਼ਵਤ 50 ਹਜ਼ਾਰ ਰੁਪਏ ਕੇਸ ਦੇ ਨਿਪਟਾਰੇ ਤੋਂ ਬਾਅਦ ਦੇਣ ਲਈ ਕਿਹਾ ਸੀ। ਸ਼ਿਕਾਇਤਕਰਤਾ ਦੀ ਸ਼ਿਕਾਇਤ ’ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਰੀਡਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ । ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਵਿਖੇ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ ।

---------------------------------------------------

ਪੰਜਾਬ ਅਤੇ ਹਰਿਆਣਾ ਵਿੱਚ, 26 ਮਈ ਤੱਕ ਜ਼ਬਰਦਸਤ ਗਰਮੀ ਤੇ ਤੇਜ਼ ਹਵਾਵਾਂ ਦੇ ਕਈ ਹਿੱਸਿਆਂ ਨੂੰ ਪ੍ਰਭਾਵਿਤ ਕਰਨ ਦੀ ਸੰਭਾਵਨਾ ਏ.

ਭਾਰਤੀ ਮੌਸਮ ਵਿਭਾਗ (IMD) ਨੇ ਪਹਿਲਾਂ ਹੀ ਇਨ੍ਹਾਂ ਰਾਜਾਂ ਲਈ ORANGE ALERT ਜਾਰੀ ਕਰ ਦਿੱਤਾ ਏ. ਦੋਵੇਂ ਰਾਜ ਪਿਛਲੇ ਕੁਝ ਦਿਨਾਂ ਤੋਂ ਅਤਿ ਦੀ ਗਰਮੀ ਦੀ ਮਾਰ ਝੱਲ ਰਹੇ ਨੇ ਤੇ ਵੱਧ ਤੋਂ ਵੱਧ ਤਾਪਮਾਨ 40 ਤੋਂ 46 ਡਿਗਰੀ ਸੈਲਸੀਅਸ ਦਰਮਿਆਨ ਏ ਜੋ ਨਾ ਸਿਰਫ਼ ਮਨੁੱਖਾਂ ਨੂੰ ਸਗੋਂ ਪੰਛੀਆਂ ਅਤੇ ਜਾਨਵਰਾਂ ਨੂੰ ਵੀ ਪਰੇਸ਼ਾਨ ਕਰ ਰਿਹਾ ਏ। ਮੌਸਮ ਵਿਭਾਗ ਨੇ ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਪਟਿਆਲਾ ਜ਼ਿਲ੍ਹਿਆਂ ਵਿੱਚ ਕੁਝ ਥਾਵਾਂ 'ਤੇ ਲੂ ਚਲਣ ਦੀ ਚਿਤਾਵਨੀ ਦਿੱਤੀ ਏ. ਹਰਿਆਣਾ ਵਿੱਚ ਵੀ ਜ਼ਿਆਦਾਤਰ ਥਾਵਾਂ 'ਤੇ ਗਰਮੀ ਦੀ ਲਹਿਰ ਤੋਂ ਲੈ ਕੇ ਗੰਭੀਰ ਗਰਮੀ ਦੀ ਸਥਿਤੀ ਹੋਣ ਦੀ ਸੰਭਾਵਨਾ ਏ।

---------------------------------------------------

- ਸਰਕਾਰ ਨੇ ਅੱਜ ਮੁੜ੍ਹ ਭਰੋਸਾ ਦਿਵਾਇਆ ਏ ਕਿ ਭਾਰਤ ਕੋਲ ਕੱਚੇ ਤੇਲ, ਪੈਟਰੋਲ, ਡੀਜ਼ਲ, ਕੁਦਰਤੀ ਗੈਸ ਅਤੇ ਐਲਪੀਜੀ ਦੀ ਕਾਫ਼ੀ ਸਪਲਾਈ ਏ.
- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਏ ਕਿ ਰੇਲਵੇ ਓਵਰਬ੍ਰਿਜ ਦੀ ਉਸਾਰੀ ਤੋਂ ਬਾਅਦ, level crossings ਨੂੰ ਬੰਦ ਕਰਨਾ ਹੁਣ ਲਾਜ਼ਮੀ ਨਹੀਂ ਏ.

- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਦੋ ਵਿਅਕਤੀਆਂ ਨੂੰ ਹੈਰੋਇਨ,ਤੇ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ।
- ਪੰਜਾਬ ਅਤੇ ਹਰਿਆਣਾ ਵਿੱਚ, 26 ਮਈ ਤੱਕ ਜ਼ਬਰਦਸਤ ਗਰਮੀ ਤੇ ਤੇਜ਼ ਹਵਾਵਾਂ ਦੇ ਕਈ ਹਿੱਸਿਆਂ ਨੂੰ ਪ੍ਰਭਾਵਿਤ ਕਰਨ ਦੀ ਸੰਭਾਵਨਾ ਏ.
- IPL ਕ੍ਰਿਕੇਟ ਵਿੱਚ,ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਖੇ ਗੁਜਰਾਤ ਟਾਈਟਨਸ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਏਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !